# ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ.), ਬਠਿੰਡਾ

ਵੱਲ

ਸਮੂਹ ਸਕੂਲ ਮੁਖੀ ਸਾਹਿਬਾਨ

ਬਠਿੰਡਾ।

ਪੱਤਰ ਨੰ: ਜੀ-1/1 (੨੦੨੬)/੭੩੩੨ ਮਿਤੀ: ੨੬/੦੨/੨੬

ਵਿਸ਼ਾ: ASHA ਅਤੇ DAWN ਪ੍ਰੋਜੈਕਟ ਅਧੀਨ ਜਾਰੀ ਕੀਤੀਆਂ ਹਦਾਇਤਾਂ ਸੰਬੰਧੀ।

ਉਪਰੋਕਤ ਵਿਸ਼ੇ ਸੰਬੰਧੀ ਸਕੂਲਾਂ ਨੂੰ ਲਿਖਿਆ ਜਾਂਦਾ ਹੈ ਕਿ ਤਾਰੀਖ 25-02-2026 ਨੂੰ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਸਾਹਿਬ, ਬਠਿੰਡਾ ਦੀ ਅਧਿਆਕਸ਼ਤਾ ਹੇਠ ਹੋਈ ਮੀਟਿੰਗ ਵਿੱਚ ਜਾਰੀ ਕੀਤੀਆਂ ਹਦਾਇਤਾਂ ਹੇਠ ਲਿਖੇ ਅਨੁਸਾਰ ਹਨ —

1. ASHA ਪ੍ਰੋਗਰਾਮ ਅਧੀਨ ਸਕੂਲ ਸਵੇਰੇ ਦੀ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਨੂੰ ਬਾਲ ਵਿਆਹ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਅਤੇ ਵਿਦਿਆਰਥੀਆਂ ਨੂੰ ਕਾਨੂੰਨੀ ਉਮਰ (ਲੜਕੀ–18 ਸਾਲ, ਲੜਕਾ–21 ਸਾਲ) ਅਤੇ ਇਸ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਸਮਝਾਇਆ ਜਾਵੇ ਤਾਂ ਜੋ ਸਮਾਜ ਵਿੱਚ ਇਸ ਕੁਰੀਤੀ ਦਾ ਖਾਤਮਾ ਕੀਤਾ ਜਾ ਸਕੇ।

2. ਜਦੋਂ ਵੀ ਪੀ.ਟੀ.ਐਮ. (Parent-Teacher Meeting) ਆਯੋਜਿਤ ਕੀਤੀ ਜਾਵੇ, ਮਾਪਿਆਂ/ਸਰਪ੍ਰਸਤਾਂ ਨੂੰ ਬਾਲ ਵਿਆਹ ਦੇ ਕਾਨੂੰਨੀ ਅਤੇ ਸਮਾਜਿਕ ਪ੍ਰਭਾਵਾਂ ਬਾਰੇ ਸੂਚਿਤ ਕੀਤਾ ਜਾਵੇ। ਉਨ੍ਹਾਂ ਨੂੰ ਸਮਝਾਇਆ ਜਾਵੇ ਕਿ ਲੜਕੀਆਂ ਦੀ ਵਿਆਹ ਯੋਗ ਉਮਰ 18 ਸਾਲ ਅਤੇ ਲੜਕਿਆਂ ਦੀ 21 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

3. ਸਕੂਲ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਅਤੇ ਸਿਹਤ, ਪਰਿਵਾਰ ਅਤੇ ਸਮਾਜ 'ਤੇ ਪੈਣ ਵਾਲੇ ਨਕਾਰਾਤਮਕ ਅਸਰਾਂ ਬਾਰੇ ਨਿਯਮਿਤ ਤੌਰ 'ਤੇ ਜਾਗਰੂਕ ਕਰਨ। ਨਸ਼ਾ ਵਿਰੋਧੀ ਸੈਮੀਨਾਰ ਅਤੇ ਜਾਗਰੂਕਤਾ ਕੈਂਪ ਲਗਾਏ ਜਾਣ।

4. ਵਿਦਿਆਰਥੀਆਂ ਨੂੰ ਨਿਯਮਿਤ ਤੌਰ 'ਤੇ ਖੇਡ ਮੈਦਾਨ ਵਿੱਚ ਲਿਆ ਕੇ ਉਨ੍ਹਾਂ ਦੀ ਸ਼ਰੀਰਿਕ ਅਤੇ ਮਾਨਸਿਕ ਤੰਦਰੁਸਤੀ ਨੂੰ ਮਜ਼ਬੂਤ ਕੀਤਾ ਜਾਵੇ, ਤਾਂ ਜੋ ਉਹ ਸਿਹਤਮੰਦ ਅਤੇ ਅਨੁਸ਼ਾਸਿਤ ਜੀਵਨ ਜੀ ਸਕਣ।

5. ਸਕੂਲਾਂ ਵਿੱਚ ਹੁਨਰ ਵਿਕਾਸ (Vocational Training) ਨਾਲ ਸੰਬੰਧਿਤ ਪ੍ਰੋਗਰਾਮ ਚਲਾਏ ਜਾਣ, ਤਾਂ ਜੋ ਵਿਦਿਆਰਥੀਆਂ ਨੂੰ ਰੋਜ਼ਗਾਰਮੁਖੀ ਸਿੱਖਿਆ ਅਤੇ ਵਿਹਾਰਕ ਗਿਆਨ ਪ੍ਰਾਪਤ ਹੋ ਸਕੇ।

6. ਵਿਦਿਆਰਥੀਆਂ ਦੀ ਮਾਨਸਿਕ ਸਿਹਤ ਅਤੇ ਭਾਵਨਾਤਮਕ ਸਮੱਸਿਆਵਾਂ ਦੇ ਸਮਾਧਾਨ ਲਈ ਸਮੇਂ-ਸਮੇਂ 'ਤੇ ਕਾਊਂਸਲਰ ਜਾਂ ਮਨੋਵਿਗਿਆਨੀ ਨੂੰ ਬੁਲਾਇਆ ਜਾਵੇ, ਤਾਂ ਜੋ ਉਹ ਸਹੀ ਮਾਰਗਦਰਸ਼ਨ ਪ੍ਰਦਾਨ ਕਰ ਸਕਣ।

ਇਹਨਾਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ)

ਬਠਿੰਡਾ